# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 18:20

**ਮਿਤੀ :05-02-2026**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਵਲੋਂ ਅੱਜ ਨਵੀਂ ਦਿੱਲੀ ਵਿੱਚ ਭਾਰਤ ਦੇ ਪਹਿਲੇ ਸਹਿਕਾਰੀ ਰਾਈਡ-ਹੇਲਿੰਗ ਪਲੇਟਫਾਰਮ, ਭਾਰਤ ਟੈਕਸੀ ਦੀ ਸ਼ੁਰੂਆਤ।
- ਪੰਜਾਬ ਸਰਕਾਰ ਨੇ 9 ਸਰਕਾਰੀ ਆਈ.ਟੀ.ਆਈਜ਼ ਵਿੱਚ 'ਕੋਪਾ' ਕੋਰਸ ਲਈ, ਬੇਆਸਰਾ ਅਤੇ ਨੇਤਰਹੀਣ ਵਿਦਿਆਰਥੀਆਂ ਲਈ, 100 ਫੀਸਦੀ ਫੀਸ ਮੁਆਫੀ ਨੂੰ ਪ੍ਰਵਾਨਗੀ ਦਿੱਤੀ I
- ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਅਲਬਰਟਾ-ਪੰਜਾਬ ਆਰਥਿਕ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਚੰਡੀਗੜ੍ਹ 'ਚ ਕੈਨੇਡਾ ਦੇ ਉੱਚ ਪੱਧਰੀ ਵਫ਼ਦ ਨਾਲ ਮੁਲਾਕਾਤ- ਵਫ਼ਦ ਨੇ ਨਿਵੇਸ਼ ਅਤੇ ਤਕਨਾਲੋਜੀ ਬਾਰੇ ਚਰਚਾ ਕੀਤੀ I

- ਸਾਡੇ ਬਜ਼ੁਰਗ ਸਾਡਾ ਮਾਣ" ਮੁਹਿੰਮ ਤਹਿਤ ਸੂਬੇ ਭਰ ਵਿਚ ਵਿਚ ਬਜ਼ੁਰਗਾਂ ਲਈ ਸਿਹਤ ਜਾਂਚ ਕੈਂਪ ਦਾ ਸਿਲਸਿਲਾ ਜਾਰੀ I
- -ਦੁਨੀਆ ਦੀਆਂ ਪ੍ਰਮੁੱਖ ਪਲਾਸਟਿਕ ਪ੍ਰਦਰਸ਼ਨੀਆਂ ਵਿੱਚੋਂ ਇੱਕ, ਪਲਾਸਟ ਇੰਡੀਆ 2026, ਅੱਜ ਨਵੀਂ ਦਿੱਲੀ ਵਿੱਚ ਸ਼ੁਰੂ ਹੋਈ । ਅਤੇ
- ਅੱਜ ਮਹਿਲਾ ਪ੍ਰੀਮੀਅਰ ਕ੍ਰਿਕਟ ਲੀਗ ਦੇ ਫਾਈਨਲ ਵਿੱਚ ਦਿੱਲੀ ਕੈਪੀਟਲਜ਼ ਦਾ ਸਾਹਮਣਾ ਰਾਇਲ ਚੈਲੇਂਜਰਜ਼ ਬੰਗਲੁਰੂ ਨਾਲ ਹੋਵੇਗਾ।

---------------------------------------------------------------------

ਕੇਂਦਰੀ ਗ੍ਰਿਹ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਅੱਜ ਨਵੀਂ ਦਿੱਲੀ ਵਿੱਚ ਭਾਰਤ ਦੇ ਪਹਿਲੇ ਸਹਿਕਾਰੀ ਰਾਈਡ-ਹੇਲਿੰਗ ਪਲੇਟਫਾਰਮ, ਭਾਰਤ ਟੈਕਸੀ ਦੀ ਸ਼ੁਰੂਆਤ ਕੀਤੀ । ਭਾਰਤ ਟੈਕਸੀ ਭਾਰਤ ਦਾ ਪਹਿਲਾ ਸਹਿਕਾਰੀ-ਅਗਵਾਈ ਵਾਲਾ ਰਾਈਡ-ਹੇਲਿੰਗ ਪਲੇਟਫਾਰਮ ਏ , ਜੋ ਮਲਟੀ-ਸਟੇਟ ਕੋਆਪਰੇਟਿਵ ਸੋਸਾਇਟੀਜ਼ ਐਕਟ, 2002 ਦੇ ਤਹਿਤ ਰਜਿਸਟਰਡ ਏ । ਇਹ ਪਲੇਟਫਾਰਮ ਕਮਿਸ਼ਨ-ਮੁਕਤ ਅਤੇ ਬਿਨਾਂ ਫੀਸ ਦੇ ਕੀਮਤ ਮਾਡਲ 'ਤੇ ਕੰਮ ਕਰਦਾ ਏ , ਜਿਸਦਾ ਸਿੱਧਾ ਲਾਭ ਡਰਾਈਵਰਾਂ ਨੂੰ ਹੋਵੇਗਾ । ਇਸ ਮੌਕੇ ਅਮਿਤ ਸ਼ਾਹ ਨੇ ਕਿਹਾ ਕਿ ਸਰਕਾਰ ਟੈਕਸੀ ਸੇਵਾ ਖੇਤਰ

ਵਿੱਚ ਪ੍ਰਵੇਸ਼ ਨਹੀਂ ਕਰ ਰਹੀ ਏ , ਸਗੋਂ ਸਹਿਕਾਰੀ ਇਸ ਖੇਤਰ ਵਿੱਚ ਸ਼ਾਮਲ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਸਹਿਕਾਰੀ ਟੈਕਸੀ ਸੇਵਾ ਡਰਾਈਵਰਾਂ ਦਾ ਸਮਰਥਨ ਕਰੇਗੀ, ਉਨ੍ਹਾਂ ਦੀ ਆਮਦਨ ਵਧਾਏਗੀ ਅਤੇ ਉਨ੍ਹਾਂ ਲਈ ਖੁਸ਼ਹਾਲੀ ਲਿਆਏਗੀ। ਉਨ੍ਹਾਂ  ਕਿਹਾ ਕਿ ਭਾਰਤ ਟੈਕਸੀ ਡਰਾਈਵਰਾਂ ਵਲੋਂ ਕਮਾਏ ਗਏ ਕਿਰਾਏ 'ਤੇ ਕੋਈ ਕਮਿਸ਼ਨ ਨਹੀਂ ਲਵੇਗੀ।

---------------------------------------------------------------------

ਪੰਜਾਬ ਸਰਕਾਰ ਨੇ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ ਵਿੱਚ ਕੰਪਿਊਟਰ ਆਪਰੇਟਰ ਐਂਡ ਪ੍ਰੋਗਰਾਮਿੰਗ ਅਸਿਸਟੈਂਟ-ਕੋਪਾ-ਵੀ.ਆਈ. ਟਰੇਡ ਵਿੱਚ ਦਾਖ਼ਲ ਬੇਆਸਰਾ ਅਤੇ ਨੇਤਰਹੀਣ ਵਿਦਿਆਰਥੀਆਂ ਦੀ ਸਿਖਲਾਈ ਫੀਸ ਮੁਆਫ ਕਰਨ ਦੀ ਤਜਵੀਜ਼ ਨੂੰ ਪ੍ਰਵਾਨਗੀ ਦੇ ਦਿੱਤੀ ਏ । ਇਸ ਸਬੰਧੀ ਫਾਈਲ ਨੂੰ ਪ੍ਰਵਾਨਗੀ ਦੇਣ ਤੋਂ ਬਾਅਦ ਇਸ ਫੈਸਲੇ ਦੀ ਪੁਸ਼ਟੀ ਕਰਦਿਆਂ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਕਦਮ ਸਰਕਾਰ ਦੀ ਉਸ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦਾ ਏ  ਕਿ ਆਰਥਿਕ ਤੰਗੀ ਕਦੇ ਵੀ ਲੋੜਵੰਦ ਵਿਦਿਆਰਥੀਆਂ ਦੀ ਪੇਸ਼ੇਵਰ ਤਰੱਕੀ ਵਿੱਚ ਰੁਕਾਵਟ ਨਹੀਂ ਬਣਨੀ ਚਾਹੀਦੀ। ਵਿੱਤ ਮੰਤਰੀ ਨੇ ਦੱਸਿਆ ਕਿ ਅਨਾਥ ਆਸ਼ਰਮਾਂ ਅਤੇ ਨੇਤਰਹੀਣ ਬੱਚਿਆਂ ਲਈ ਸਥਾਪਤ ਸਕੂਲਾਂ ਤੋਂ ਆਉਣ ਵਾਲੇ ਵਿਦਿਆਰਥੀ ਹੁਣ 'ਕੋਪਾ-ਵੀ.ਆਈ.' ਟਰੇਡ ਲਈ 100 ਫੀਸਦੀ ਫੀਸ ਮੁਆਫੀ ਦੇ ਯੋਗ ਹੋਣਗੇ।

ਇਹ ਲਾਭ ਮੌਜੂਦਾ ਸਮੇਂ ਵਿੱਚ ਇਹ ਕੋਰਸ ਚਲਾ ਰਹੀਆਂ 9 ਸਰਕਾਰੀ ਸੰਸਥਾਵਾਂ ਵਿੱਚ ਲਾਗੂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ 'ਕੋਪਾ-ਵੀ.ਆਈ.' ਟਰੇਡ ਵਿੱਚ ਸਾਡੇ ਵਿਸ਼ੇਸ਼ ਲੋੜਾਂ ਵਾਲੇ ਅਤੇ ਬੇਆਸਰਾ ਨੌਜਵਾਨਾਂ ਲਈ ਵਿੱਤੀ ਬੋਝ ਨੂੰ ਹਟਾ ਕੇ, ਪੰਜਾਬ ਸਰਕਾਰ ਉਨ੍ਹਾਂ ਨੂੰ ਤਕਨੀਕੀ ਮੁਹਾਰਤ ਹਾਸਲ ਕਰਨ ਅਤੇ ਤੇਜ਼ੀ ਨਾਲ ਵੱਧ ਰਹੇ ਆਈ.ਟੀ. ਖੇਤਰ ਵਿੱਚ ਸਨਮਾਨਜਨਕ ਰੋਜ਼ਗਾਰ ਸੁਰੱਖਿਅਤ ਕਰਨ ਲਈ ਇੱਕ ਬਰਾਬਰ ਦਾ ਮੰਚ ਪ੍ਰਦਾਨ ਕਰ ਰਹੀ ਏ ।

---------------------------------------------------------------------------

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਪੰਜਾਬ ਭਵਨ ਵਿਖੇ ਕੈਨੇਡਾ ਦੇ ਇੱਕ ਉੱਚ ਪੱਧਰੀ ਵਫ਼ਦ ਦੀ ਮੇਜ਼ਬਾਨੀ ਕੀਤੀ। ਨਵੀਂ ਦਿੱਲੀ ਸਥਿਤ ਕੈਨੇਡਾ ਦੇ ਹਾਈ ਕਮਿਸ਼ਨ ਦੀ ਰਸਮੀ ਬੇਨਤੀ ਤਹਿਤ ਹੋਏ ਇਸ ਮੀਟਿੰਗ ਦੌਰਾਨ ਪੰਜਾਬ ਅਤੇ ਅਲਬਰਟਾ ਸੂਬਿਆਂ ਵਿਚਾਲੇ ਅੰਤਰਰਾਸ਼ਟਰੀ ਸਹਿਯੋਗ ਨੂੰ ਮਜ਼ਬੂਤ ਕਰਨ ਅਤੇ ਆਰਥਿਕ ਸਾਂਝ ਵਧਾਉਣ 'ਤੇ ਧਿਆਨ ਕੇਂਦਰਿਤ ਕੀਤਾ ਗਿਆ। ਕੈਨੇਡੀਅਨ ਵਫ਼ਦ ਦੀ ਅਗਵਾਈ ਅਲਬਰਟਾ ਸਰਕਾਰ ਦੀ ਸਵਦੇਸ਼ੀ ਸਬੰਧਾਂ ਬਾਰੇ ਮੰਤਰੀ ਰਾਜਨ ਸਾਹਨੀ ਨੇ ਕੀਤੀ। ਮੀਟਿੰਗ ਦੌਰਾਨ 'ਇਨਵੈਸਟ ਪੰਜਾਬ' ਦੇ ਅਧਿਕਾਰੀਆਂ ਨੇ ਸੂਬੇ ਵਿੱਚ ਮੌਜੂਦ ਨਿਵੇਸ਼ ਦੇ ਵੱਖ-ਵੱਖ ਮੌਕਿਆਂ ਬਾਰੇ ਪੇਸ਼ਕਾਰੀ ਰਾਹੀਂ ਵਫ਼ਦ ਨੂੰ ਪੰਜਾਬ ਦੇ ਉਦਯੋਗਿਕ ਢਾਂਚੇ ਅਤੇ ਸੂਬਾ

ਸਰਕਾਰ ਵੱਲੋਂ ਕਾਰੋਬਾਰ ਕਰਨ ਦੀ ਸੌਖ ਨੂੰ ਯਕੀਨੀ ਬਣਾਉਣ ਲਈ ਕੀਤੇ ਜਾ ਰਹੇ ਯਤਨਾਂ ਬਾਰੇ ਜਾਣਕਾਰੀ ਦਿੱਤੀ ਗਈ। ਅਲਬਰਟਾ ਸਰਕਾਰ ਦੀ ਮੰਤਰੀ ਰਾਜਨ ਸਾਹਨੀ ਨੇ ਕਿਹਾ, "ਵਫ਼ਦ ਇਨਵੈਸਟ ਪੰਜਾਬ ਦੀ ਕਾਰਜ ਪ੍ਰਣਾਲੀ ਨੂੰ ਸਮਝਣ ਦਾ ਇੱਛੁਕ ਏ । ਉਨ੍ਹਾਂ ਉਦਯੋਗਿਕ ਵਿਕਾਸ ਨੂੰ ਉਤਸ਼ਾਹਤ ਕਰਨ ਲਈ ਪੰਜਾਬ ਸਰਕਾਰ ਵਲੋਂ ਅਪਣਾਈ ਗਈ ਸਰਗਰਮ ਪਹੁੰਚ ਦੀ ਸ਼ਲਾਘਾ ਕੀਤੀ । ਉਨ੍ਹਾਂ ਕਿਹਾ ਕਿ ਪੰਜਾਬ ਦਾ ਇਹ ਦੌਰਾ 'ਇੰਡੀਆ ਐਨਰਜੀ ਵੀਕ' ਨਾਲ ਜੁੜੇ ਵਫ਼ਦ ਦੇ ਵਿਆਪਕ ਭਾਰਤ ਮਿਸ਼ਨ ਦਾ ਇੱਕ ਅਹਿਮ ਹਿੱਸਾ ਏ । ਇਸ ਦੌਰਾਨ ਸਹਿਯੋਗ ਦੇ ਰਾਹ ਤਲਾਸ਼ਣ ਲਈ ਭਾਰਤ ਦੇ ਪ੍ਰਮੁੱਖ ਕੇਂਦਰਾਂ ਵਿੱਚ ਸੀਨੀਅਰ ਸਰਕਾਰੀ ਆਗੂਆਂ ਅਤੇ ਨਿੱਜੀ ਖੇਤਰ ਦੇ ਭਾਈਵਾਲਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਨੇ । ਉਨ੍ਹਾਂ ਇਹ ਵੀ ਕਿਹਾ ਕਿ ਤਕਨਾਲੋਜੀ ਅਤੇ ਨਵੀਨਤਾ ਅਜਿਹੇ ਪ੍ਰਮੁੱਖ ਖੇਤਰ ਹਨ ਜਿੱਥੇ ਅਲਬਰਟਾ ਅਤੇ ਪੰਜਾਬ ਦੁਵੱਲੇ ਵਿਕਾਸ ਲਈ ਸਹਿਯੋਗ ਕਰ ਸਕਦੇ ਹਨ।

---------------------------------------------------------------------------

ਪਰਿਕ੍ਸ਼ਾ ਪੇ ਚਰਚਾ ਪ੍ਰੋਗਰਾਮ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨਾਲ ਇੱਕ ਵਿਲੱਖਣ ਸੰਵਾਦ ਪ੍ਰੋਗਰਾਮ ਏ, ਜੋ ਪ੍ਰੀਖਿਆ ਦੇ ਤਣਾਅ ਨੂੰ ਘਟਾਉਣ ਅਤੇ

ਪ੍ਰੀਖਿਆਵਾਂ ਨੂੰ ਇੱਕ ਉਤਸਵ ਵਜੋਂ ਮਨਾਉਣ 'ਤੇ ਕੇਂਦ੍ਰਿਤ ਏ । ਇਸ ਵਾਰ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸ਼ੁੱਕਰਵਾਰ ਨੂੰ ਨਾਗਰਿਕਾਂ ਨੂੰ ਵਿਸ਼ੇਸ਼ ਪਰਿਕ੍ਸ਼ਾ ਪੇ ਚਰਚਾ ਐਪੀਸੋਡ ਦੇਖਣ ਦਾ ਸੱਦਾ ਦਿੱਤਾ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਕਿਹਾ ਕਿ, ਭਾਰਤ ਦੇ ਨੌਜਵਾਨਾਂ ਨਾਲ ਗੱਲਬਾਤ ਕਰਨਾ ਤਾਜ਼ਗੀ ਭਰਿਆ ਏ। ਪ੍ਰਧਾਨ ਮੰਤਰੀ ਨੇ ਤਣਾਅ-ਮੁਕਤ ਪ੍ਰੀਖਿਆਵਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਅਤੇ ਚੁਣੌਤੀਆਂ ਨੂੰ ਦੂਰ ਕਰਨ, ਸੰਤੁਲਨ ਬਣਾਈ ਰੱਖਣ ਅਤੇ ਆਤਮ-ਵਿਸ਼ਵਾਸ ਨੂੰ ਉਤਸ਼ਾਹਿਤ ਕਰਨ ਲਈ ਵਿਹਾਰਕ ਸੂਝ ਸਾਂਝੀ ਕੀਤੀ । ਵਿਦਿਆਰਥੀਆਂ ਤੇ ਅਧਿਆਪਕਾਂ ਨੇ ਇਸ ਪ੍ਰੋਗਰਾਮ ਬਾਰੇ ਆਪਣੀ ਉਤਸੁਕਤਾ ਤੇ ਵਿਚਾਰ ਸਾਂਝੇ ਕਰਦਿਆਂ ਮੋਹਾਲੀ ਤੋਂ ਅਭੈ ਅਤੇ ਪਠਾਨਕੋਟ ਤੋਂ ਨੀਤਿ ਨੇ ਕਿਹਾ ।

ਓਧਰ ਮੋਗਾ ਤੋਂ ਪ੍ਰਿੰਸੀਪਲ ਭੁਪਿੰਦਰ ਕੌਰ ਵੀ ਪ੍ਰਧਾਨ ਮੰਤਰੀ ਦੇ ਇਸ ਉਪਰਾਲੇ ਨੂੰ ਸ਼ਲਾਘਾਯੋਗ ਦਸਦੇ ਨੇ

BYTE:RNU050226

---------------------------------------------------------------------

“ਸਾਡੇ ਬਜ਼ੁਰਗ ਸਾਡਾ ਮਾਣ” ਮੁਹਿੰਮ ਤਹਿਤ ਅੱਜ ਫ਼ਿਰੋਜ਼ਪੁਰ ਛਾਉਣੀ ਰਾਮਬਾਗ ਬਿਰਧ ਸੇਵਾ ਆਸ਼ਰਮ, ਵਿਖੇ ਜ਼ਿਲ੍ਹਾ ਪੱਧਰੀ ਸਮਾਗਮ ਅਤੇ ਮੈਗਾ ਕੈਂਪ ਲਾਇਆ ਗਿਆ। ਇਸ ਮੌਕੇ ਵਿਧਾਇਕ ਰਣਬੀਰ ਸਿੰਘ ਭੁੱਲਰ

ਨੇ ਕਿਹਾ ਕਿ ਬਜ਼ੁਰਗ ਸਾਡੀ ਸਮਾਜਿਕ ਵਿਰਾਸਤ ਨੇ ਅਤੇ ਉਨ੍ਹਾਂ ਦੀ ਸੰਭਾਲ ਕਰਨਾ ਸਾਡਾ ਸਾਰਿਆਂ ਦਾ ਨੈਤਿਕ ਫ਼ਰਜ਼ ਏ।  ਕੈਂਪ ਦੌਰਾਨ ਬਜ਼ੁਰਗਾਂ ਦੀ ਸਿਹਤ ਜਾਂਚ, ਸਿਹਤ ਸੇਵਾਵਾਂ, ਬੁਢਾਪਾ ਪੈਨਸ਼ਨ ਲਈ ਰਜਿਸਟ੍ਰੇਸ਼ਨ, ਸੀਨੀਅਰ ਸਿਟੀਜਨ ਕਾਰਡ ਅਤੇ ਪੈਨਸ਼ਨਰਜ਼ ਦੀ ਕੇ.ਵਾਈ.ਸੀ ਸੇਵਾਵਾਂ ਮੁਹੱਈਆ ਕਰਵਾਈਆਂ ਗਈਆਂ। ਇਸ ਕੈਂਪ ਦੌਰਾਨ ਕੋਟਕਪੂਰਾ ਨਟਰਾਜ ਰੰਗ ਮੰਚ  ਵੱਲੋਂ ਨੁੱਕੜ ਨਾਟਕ ਰਾਹੀਂ ਬਜ਼ੁਰਗਾਂ ਨੂੰ ਜਾਗਰੂਕ ਕੀਤਾ ਗਿਆ। ਇਸ ਦੌਰਾਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਤੋਂ ਐਡਵੋਕੇਟ ਅਮਿਤੋਜ ਨੇ ਬਜ਼ੁਰਗਾਂ ਨੂੰ ਵੱਖ-ਵੱਖ ਐਕਟਾਂ ਅਤੇ ਕਾਨੂੰਨਾਂ ਬਾਰੇ ਜ਼ਰੂਰੀ ਜਾਣਕਾਰੀ ਕੀਤੀ। ਇਸ ਮੌਕੇ ਬਜ਼ੁਰਗਾਂ ਦੇ ਮੁਕਾਬਲੇ ਵੀ ਕਰਵਾਏ ਗਏ ਅਤੇ ਜੇਤੂਆਂ ਨੂੰ ਵਿਧਾਇਕ ਵੱਲੋਂ ਸਨਮਾਨਿਤ ਕੀਤਾ ਗਿਆ।  ਓਧਰ ਤਰਨ ਤਾਰਨ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਵੀ ਕੱਲ ਸਵੇਰੇ 10 ਵਜੇ ਸਿਵਲ ਹਸਪਤਾਲ ਵਿਖੇ ਲਗਾਇਆ ਜਾਵੇਗਾ। ਡਿਪਟੀ ਕਮਿਸ਼ਨਰ ਰਾਹੁਲ ਨੇ ਦੱਸਿਆ ਕਿ ਕੈਂਪ ਸਿਹਤ ਵਿਭਾਗ ਦੇ ਮਾਹਿਰ ਡਾਕਟਰਾਂ ਵੱਲੋਂ ਬਜ਼ੁਰਗਾਂ ਦੀ ਮੁਫ਼ਤ ਸਿਹਤ ਜਾਂਚ ਕਰਨ ਮਗਰੋਂ ਉਨ੍ਹਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਜਾਣਗੀਆਂ। ਇਸ ਮੌਕੇ ਸੀ.ਐੱਮ. ਦੀ ਯੋਗਸ਼ਾਲਾ ਦੇ ਯੋਗਾ ਮਾਹਿਰਾਂ ਵੱਲੋਂ ਬਜ਼ੁਰਗਾਂ ਨੂੰ ਨਿਰੋਗ ਰਹਿਣ ਲਈ ਵੱਖ-ਵੱਖ ਯੋਗ ਆਸਣਾਂ ਦੀ ਜਾਣਕਾਰੀ ਵੀ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਯੋਗ ਬਜ਼ੁਰਗਾਂ ਲਈ ਬੁਢਾਪਾ ਪੈਨਸ਼ਨ ਲਗਾਉਣ ਵਾਸਤੇ ਆਨ-ਲਾਈਨ ਬਿਨੇ

ਕਰਵਾਇਆ ਜਾਵੇਗਾ।

-------------------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਵੱਲੋਂ ਸੂਬੇ ਵਿੱਚ ਨਸ਼ਿਆਂ ਦੇ ਖਾਤਮੇ ਲਈ ਵੱਡੀ ਪਹਿਲਕਦਮੀ ਤਹਿਤ ਫਿਰੋਜ਼ਪੁਰ ਵਿੱਚ 10 ਫ਼ਰਵਰੀ ਨੂੰ 'ਨਸ਼ਿਆਂ ਖਿਲਾਫ ਪੈਦਲ ਯਾਤਰਾ' ਕੱਢੀ ਜਾਵੇਗੀ । ਇਸ ਪੈਦਲ ਯਾਤਰਾ ਦੀ ਅਗਵਾਈ ਰਾਜਪਾਲ ਖੁਦ ਨਿੱਜੀ ਤੌਰ 'ਤੇ ਕਰਨਗੇ। ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨਾਲ ਰਾਜਪਾਲ ਦੇ ਫਿਰੋਜ਼ਪੁਰ ਜ਼ਿਲ੍ਹੇ ਦੇ ਦੌਰੇ ਸਬੰਧੀ ਵਿਸ਼ੇਸ਼ ਮੀਟਿੰਗ ਦੌਰਾਨ ਇਹ ਜਾਣਕਾਰੀ ਦਿਤੀ । ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੈਦਲ ਯਾਤਰਾ 10 ਫ਼ਰਵਰੀ ਸਵੇਰੇ ਸਾਢੇ 11 ਵਜੇ ਸਾਰਾਗੜ੍ਹੀ ਯਾਦਗਾਰ ਫ਼ਿਰੋਜ਼ਪੁਰ ਛਾਉਣੀ ਤੋਂ ਸ਼ੁਰੂ ਹੋ ਕੇ ਸਰਕਾਰੀ ਸਕੂਲ ਆਫ਼ ਐਮੀਨੈਂਸ ਫ਼ਿਰੋਜ਼ਪੁਰ ਸ਼ਹਿਰੀ ਤੱਕ ਜਾਵੇਗੀ। ਇਸ ਪੈਦਲ ਯਾਤਰਾ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀ, ਯੂਥ ਕਲੱਬਾਂ ਦੇ ਮੈਂਬਰ, ਵਲੰਟੀਅਰ ਸ਼ਾਮਿਲ ਹੋ ਕੇ ਨਸ਼ੇ ਤਿਆਗਣ ਅਤੇ ਨਸ਼ਿਆਂ ਦੇ ਖਾਤਮੇ ਲਈ ਇੱਕਜੁਟ ਹੋਣ ਦਾ ਸੱਦਾ ਦੇਣਗੇ। ਡਿਪਟੀ ਕਮਿਸ਼ਨਰ ਨੇ ਇਸ ਪੈਦਲ ਯਾਤਰਾ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਸੁਰੱਖਿਆ ਪ੍ਰਬੰਧਾਂ,

ਟ੍ਰੈਫਿਕ ਨਿਯੰਤਰਣ, ਸਾਫ਼-ਸਫ਼ਾਈ, ਸਿਹਤ ਸਹੂਲਤਾਂ, ਮੈਡੀਕਲ ਟੀਮਾਂ, ਰਿਫਰੈਸ਼ਮੈਂਟ, ਪੀਣ ਵਾਲਾ ਪਾਣੀ ਅਤੇ ਸਮਾਗਮ ਦੌਰਾਨ ਲੋੜੀਂਦੀਆਂ ਵਿਵਸਥਾਵਾਂ ਯਕੀਨੀ ਬਣਾਉਣ ਲਈ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਨੇ ਸਾਰੇ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਦੇ ਹੋਏ ਇਸ ਜਾਗਰੂਕਤਾ ਪੈਦਲ ਯਾਤਰਾ ਨੂੰ ਸਫਲ ਬਣਾਉਣ ਦੀ ਹਦਾਇਤ ਕੀਤੀ।

---------------------------------------------------------------------------

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਉਤਸਵ 'ਤੇ ਖੁਰਾਲਗੜ੍ਹ ਸਾਹਿਬ ਵਿਖੇ ਮਨਾਏ ਜਾ ਰਹੇ ਸੂਬਾ ਪੱਧਰੀ ਸਮਾਰੋਹ ਦੇ ਸਬੰਧ ਵਿਚ ਸਬ ਡਵੀਜ਼ਨ ਗੜ੍ਹਸ਼ੰਕਰ ਵਿਚ ਪੈਂਦੇ ਸਮੂਹ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਅਤੇ ਵਿੱਦਿਅਕ ਸੰਸਥਾਵਾਂ ਵਿੱਚ ਕੱਲ 6 ਫਰਵਰੀ ਨੂੰ ਛੁੱਟੀ ਦੇ ਹੁਕਮ ਜਾਰੀ ਕੀਤੇ ਨੇ । ਹੁਸ਼ਿਆਰਪੁਰ ਦੇ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਅਮਰਬੀਰ ਕੌਰ ਭੁੱਲਰ ਵਲੋਂ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਮੁੱਖ ਰੱਖਦੇ ਹੋਏ ਜਾਰੀ ਹੁਕਮਾਂ ਵਿੱਚ ਕਿਹਾ ਗਿਆ ਏ ਕਿ ਜਿਨ੍ਹਾਂ ਸਕੂਲਾਂ ਵਿੱਚ ਬੋਰਡ ਦੀਆਂ ਪ੍ਰੀਖਿਆਵਾਂ ਅਤੇ ਪ੍ਰੈਕਟੀਕਲ ਚੱਲ ਰਹੇ ਨੇ, ਉਨ੍ਹਾਂ ਸਕੂਲਾਂ ਵਿਚ ਇਹ ਛੁੱਟੀ ਦੇ ਹੁਕਮ ਲਾਗੂ ਨਹੀਂ ਹੋਣਗੇ।

---------------------------------------------------------------------------

ਰਿਕਾਰਡ ਪੰਜਾਬ ਰੈਜੀਮੈਂਟ ਰਾਮਗੜ੍ਹ ਛਾਉਣੀ ਝਾਰਖੰਡ ਵੱਲੋਂ ਮਿਸ਼ਨ

‘ਹਾਰਦਿਕ ਮਿਲਨ ਦੇ ਤਹਿਤ ਸਾਬਕਾ ਸੈਨਿਕਾਂ, ਵੀਰ ਨਾਰੀਆਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਨੂੰ ਪੈਨਸ਼ਨ ਸਬੰਧੀ ਸਹੂਲਤਾਂ ਅਤੇ ਅਧਿਕਾਰਾਂ ਬਾਰੇ ਜਾਣਕਾਰੀ ਪ੍ਰਦਾਨ ਕਰਨ ਲਈ ਫਰੀਦਕੋਟ 'ਚ ਇਕ ਵਿਸ਼ੇਸ਼ ਕੈਂਪ ਲਾਇਆ ਗਿਆ। ਫਰੀਦਕੋਟ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਤੇ ਸੇਵਾਮੁਕਤ ਗਰੁੱਪ ਕੈਪਟਨ ਦਵਿੰਦਰ ਸਿੰਘ ਢਿੱਲੋਂ ਨੇ ਦੱਸਿਆ ਕਿ ਇਸ ਕੈਂਪ ਦੌਰਾਨ ਸਾਬਕਾ ਸੈਨਿਕਾਂ, ਵਿਧਵਾਵਾਂ ਅਤੇ ਆਸ਼ਰਿਤਾਂ ਵੱਲੋਂ ਦਰਪੇਸ਼ ਆ ਰਹੀਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ ਗਿਆ ਅਤੇ ਬਹੁਤੀਆਂ ਮੁਸ਼ਕਿਲਾਂ ਦਾ ਮੌਕੇ ‘ਤੇ ਹੀ ਨਿਪਟਾਰਾ ਕੀਤਾ ਗਿਆ। ਕੈਂਪ ਵਿੱਚ ਆਏ ਲੋਕਾਂ ਨੂੰ ਉਨ੍ਹਾਂ ਦੇ ਹੱਕਾਂ, ਭੱਤਿਆਂ ਅਤੇ ਪੈਨਸ਼ਨ ਸਬੰਧੀ ਪ੍ਰਕਿਰਿਆਵਾਂ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ। ਸ੍ਰੀ ਢਿੱਲੋਂ ਨੇ ਪੰਜਾਬ ਰੈਜੀਮੈਂਟ ਸੈਂਟਰ ਦੇ ਕਮਾਡੈਂਟ ਬ੍ਰਿਗੇਡੀਅਰ ਸਾਜੇਸ਼ ਬਾਬੂ ਅਤੇ ਪੰਜਾਬ ਰਿਕਾਰਡ ਆਫਿਸ ਦੇ ਕਮਾਂਡਿੰਗ ਅਫ਼ਸਰ ਲੈਫਟੀਨੈਂਟ ਕਰਨਲ ਦੇਵਾਸ਼ੀਸ਼ ਡੇ ਦੀ ਕੈਂਪ ਲਗਾਉਣ ਲਈ ਸ਼ਲਾਘਾ ਕੀਤੀ।

------------------------------------------------------------------------

ਦੁਨੀਆ ਦੀਆਂ ਪ੍ਰਮੁੱਖ ਪਲਾਸਟਿਕ ਪ੍ਰਦਰਸ਼ਨੀਆਂ ਵਿੱਚੋਂ ਇੱਕ, ਪਲਾਸਟ ਇੰਡੀਆ 2026, ਅੱਜ ਨਵੀਂ ਦਿੱਲੀ ਵਿੱਚ ਸ਼ੁਰੂ ਹੋਈ । ਛੇ ਦਿਨਾਂ ਵਿਸ਼ਵ-ਵਿਆਪੀ ਪ੍ਰਦਰਸ਼ਨੀ ਦਾ ਵਿਸ਼ਾ 'ਭਾਰਤ ਨੈਕਸਟ'

ਰੱਖਿਆ ਗਿਆ ਏ , ਜੋ ਕਿ ਇੱਕ ਵਿਕਸਤ ਅਤੇ ਸਵੈ-ਨਿਰਭਰ ਭਾਰਤ ਦੇ ਦ੍ਰਿਸ਼ਟੀਕੋਣ ਦੇ ਮੁਤਾਬਿਕ । ਇਹ ਪ੍ਰਦਰਸ਼ਨੀ ਨੌਜਵਾਨਾਂ ਅਤੇ ਸਟਾਰਟਅੱਪਸ ਨੂੰ ਪਾਏਦਾਰ ਪਲਾਸਟਿਕ ਹੱਲ ਪ੍ਰਦਰਸ਼ਿਤ ਕਰਨ ਦਾ ਮੌਕਾ ਪ੍ਰਦਾਨ ਕਰਦੀ ਹੈ। ਪਲਾਸਟ ਇੰਡੀਆ ਦੇ ਰਾਸ਼ਟਰੀ ਕਾਰਜਕਾਰੀ ਪ੍ਰਧਾਨ ਆਲੋਕ ਟਿਬਰਵਾਲਾ ਨੇ ਕਿਹਾ ਕਿ ਇਸ ਸਮਾਗਮ ਵਿੱਚ ਦੋ ਹਜ਼ਾਰ ਤੋਂ ਵੱਧ ਪ੍ਰਦਰਸ਼ਕ ਹਿੱਸਾ ਲੈ ਰਹੇ ਨੇ । ਭਾਰਤ ਮੰਡਪਮ ਵਿਖੇ ਆਯੋਜਿਤ, ਪ੍ਰਦਰਸ਼ਨੀ 10 ਫਰਵਰੀ ਨੂੰ ਸਮਾਪਤ ਹੋਵੇਗੀ।

---------------------------------------------------------------------------

ਅੱਜ ਮਹਿਲਾ ਪ੍ਰੀਮੀਅਰ ਕ੍ਰਿਕਟ ਲੀਗ ਦੇ ਫਾਈਨਲ ਵਿੱਚ ਦਿੱਲੀ ਕੈਪੀਟਲਜ਼ ਦਾ ਸਾਹਮਣਾ ਰਾਇਲ ਚੈਲੇਂਜਰਜ਼ ਬੰਗਲੁਰੂ ਨਾਲ ਹੋਵੇਗਾ । ਇਹ ਮੈਚ ਵਡੋਦਰਾ ਦੇ ਬੀ.ਸੀ.ਏ ਸਟੇਡੀਅਮ ਵਿੱਚ ਸ਼ਾਮ ਸਾਢੇ 7 ਵਜੇ ਸ਼ੁਰੂ ਹੋਵੇਗਾ। ਬੰਗਲੁਰੂ ਕੋਲ ਦੂਜੀ ਵਾਰ ਖਿਤਾਬ ਜਿੱਤਣ ਦਾ ਮੌਕਾ ਏ , ਜਦੋਂ ਕਿ ਦਿੱਲੀ ਕੈਪੀਟਲਜ਼, ਚੌਥੀ ਵਾਰ ਫਾਈਨਲ ਵਿੱਚ ਪਹੁੰਚਣ ਤੋਂ ਬਾਅਦ, ਆਪਣਾ ਪਹਿਲਾ ਖਿਤਾਬ ਜਿੱਤਣ ਦਾ ਟੀਚਾ ਰੱਖ ਰਹੀ ਏ । ਇਸ ਸਾਲ, ਬੀ.ਸੀ.ਸੀ.ਆਈ ਨੇ ਇਸ ਟੂਰਨਾਮੈਂਟ ਲਈ ਲਗਭਗ 10 ਕਰੋੜ ਦੀ ਇਨਾਮੀ ਰਾਸ਼ੀ ਦਾ ਐਲਾਨ ਕੀਤਾ ਏ ।

---------------------------------------------------------------------------

ਪੰਜਾਬ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਅਤੇ 'ਗੈਂਗਸਟਰਾਂ 'ਤੇ ਵਾਰ' ਦੇ ਆਪ੍ਰੇਸ਼ਨਾਂ ਵਿੱਚ ਰੁਝੀ ਪੰਜਾਬ ਪੁਲਿਸ ਦੇ ਮਾਨਸਿਕ ਮਨੋਬਲ ਨੂੰ ਬਣਾਏ ਰੱਖਣ ਲਈ ਪਹਿਲਾ ਇੰਟਰ ਰੇਂਜ ਪੰਜਾਬ ਪੁਲਿਸ ਕ੍ਰਿਕਟ ਟੂਰਨਾਮੈਂਟ, ਜਲੰਧਰ ਦੇ ਪੀ.ਏ.ਪੀ. ਗਰਾਊਂਡ, ਵਿਖੇ ਕਰਵਾਇਆ ਗਿਆ । ਸੂਬਾ ਹਥਿਆਰਬੰਦ ਪੁਲਿਸ ਦੇ ADGP, ਐਮ.ਐਫ. ਫਾਰੂਕੀ ਦੇ ਯਤਨਾਂ ਸਦਕਾ ਹੋਏ ਇਸ ਟੂਰਨਾਮੈਂਟ ਵਿੱਚ ਕੁੱਲ 17 ਟੀਮਾਂ ਨੇ ਹਿੱਸਾ ਲਿਆ। ਇਨ੍ਹਾਂ ਟੀਮਾਂ ਦੇ 4 ਗਰੁੱਪ ਬਣਾ ਕੇ ਲੀਗ ਮੈਚ, ਕੁਆਰਟਰ ਫਾਈਨਲ, ਸੈਮੀ ਫਾਈਨਲ ਅਤੇ ਫਾਈਨਲ ਮੈਚ ਕਰਵਾਏ ਗਏ। ਟੂਰਨਾਮੈਂਟ ਦੇ ਮੁਕਾਬਲਿਆਂ ਵਿੱਚ ਜਿੱਤ ਮੁਤਾਬਿਕ ਦਫਤਰ ਸੈਂਟਰਲ ਸਪੋਰਟਸ, ਪੰਜਾਬ ਪੁਲਿਸ ਅਤੇ ਪੀ.ਏ.ਪੀ ਕ੍ਰਿਕਟ ਟੀਮਾਂ ਨੇ ਫਾਈਨਲ ਵਿੱਚ ਪ੍ਰਵੇਸ਼ ਕੀਤਾ। ਡਿਪਟੀ ਇੰਸਪੈਕਟਰ ਜਨਰਲ ਪੁਲਿਸ, ਪ੍ਰਸ਼ਾਸਨ, ਪੀ.ਏ.ਪੀ. ਇੰਦਰਬੀਰ ਸਿੰਘ ਦੀ ਰਹਿਨੁਮਾਈ ਹੇਠ ਫਾਈਨਲ ਮੈਚ ਕਰਵਾਇਆ ਗਿਆ। ਰੌਮਾਂਚਕ ਫਾਈਨਲ ਮੈਚ ਵਿੱਚ ਦੋਵਾਂ ਟੀਮਾਂ ਵਲੋਂ ਬਿਹਤਰੀਨ ਪ੍ਰਦਰਸ਼ਨ ਕੀਤਾ ਗਿਆ। ਪੀ.ਏ.ਪੀ. ਦੀ ਕ੍ਰਿਕਟ ਟੀਮ ਨੇ ਜਿੱਤ ਹਾਸਲ ਕਰਦਿਆਂ ਪਹਿਲੀ ਇੰਟਰ ਰੇਂਜ ਪੰਜਾਬ ਪੁਲਿਸ ਕ੍ਰਿਕਟ ਟੂਰਨਾਮੈਂਟ ਦੀ ਟਰਾਫੀ ਆਪਣੇ ਨਾਮ ਕੀਤੀ। ਇਸ ਮੌਕੇ ਸਾਰੀਆਂ ਟੀਮਾਂ ਦੇ ਨੋਡਲ ਅਫ਼ਸਰਾਂ ਨੂੰ ਸਨਮਾਨਿਤ ਕੀਤਾ ਗਿਆ।

---------------------------------------------------------------------------

ਨਿਸ਼ਾਨੇਬਾਜ਼ੀ ਵਿੱਚ, ਭਾਰਤ ਦੇ ਸਮਰਾਟ ਰਾਣਾ ਅਤੇ ਸੁਰੂਚੀ ਸਿੰਘ ਨੇ ਅੱਜ ਨਵੀਂ ਦਿੱਲੀ ਵਿੱਚ ਏਸ਼ੀਅਨ ਰਾਈਫਲ, ਪਿਸਟਲ ਚੈਂਪੀਅਨਸ਼ਿਪ 2026 ਵਿੱਚ 10 ਮੀਟਰ ਏਅਰ ਪਿਸਟਲ ਮਿਕਸਡ ਟੀਮ ਈਵੈਂਟ ਵਿੱਚ ਚਾਂਦੀ ਦਾ ਤਮਗਾ ਜਿੱਤਿਆ। ਭਾਰਤੀ ਜੋੜੀ ਨੇ 479.6 ਦਾ ਅੰਤਮ ਸਕੋਰ ਬਣਾਇਆ ਜਦਕਿ ਉਜ਼ਬੇਕਿਸਤਾਨ ਦੀ ਨਿਗੀਨਾ ਸੈਦ-ਕੁਲੋਵਾ ਅਤੇ ਮੁਖ-ਮਦ ਕਮਾ-ਲੋਵ ਨੇ 481.3 ਅੰਕਾਂ ਨਾਲ ਸੋਨ ਤਮਗਾ ਹਾਸਲ ਕੀਤਾ।

-----------------------------------------------------------------------

ਅੰਡਰ-19 ਇੱਕ ਰੋਜ਼ਾ ਕ੍ਰਿਕਟ ਵਿਸ਼ਵ ਕੱਪ ਦੇ ਫਾਈਨਲ ਵਿੱਚ ਕੱਲ੍ਹ ਜ਼ਿੰਬਾਬਵੇ ਦੇ ਹਰਾਰੇ ਵਿੱਚ ਭਾਰਤ ਦਾ ਮੁਕਾਬਲਾ ਇੰਗਲੈਂਡ ਨਾਲ ਹੋਵੇਗਾ। ਮੈਚ ਭਾਰਤੀ ਸਮੇਂ ਅਨੁਸਾਰ ਦੁਪਹਿਰ 1 ਵਜੇ ਸ਼ੁਰੂ ਹੋਵੇਗਾ। ਇਸ ਤੋਂ ਪਹਿਲਾਂ, ਭਾਰਤ ਕੱਲ੍ਹ ਸੈਮੀਫਾਈਨਲ ਵਿੱਚ ਅਫਗਾਨਿਸਤਾਨ ਨੂੰ 7 ਵਿਕਟਾਂ ਨਾਲ ਹਰਾ ਕੇ ਫਾਈਨਲ ਵਿੱਚ ਪਹੁੰਚਿਆ ਸੀ। ਪਹਿਲਾਂ ਬੱਲੇਬਾਜ਼ੀ ਕਰਦੇ ਹੋਏ, ਅਫਗਾਨਿਸਤਾਨ ਨੇ ਆਪਣੇ ਨਿਰਧਾਰਤ 50 ਓਵਰਾਂ ਵਿੱਚ 4 ਵਿਕਟਾਂ 'ਤੇ 310 ਦੌੜਾਂ ਬਣਾਈਆਂ। ਜਵਾਬ ਵਿੱਚ, ਭਾਰਤ ਨੇ 41 ਓਵਰਾਂ ਅਤੇ ਇੱਕ ਗੇਂਦ ਵਿੱਚ ਤਿੰਨ ਵਿਕਟਾਂ ਗੁਆ ਕੇ 311 ਦੌੜਾਂ ਦਾ ਟੀਚਾ ਪ੍ਰਾਪਤ ਕਰ ਲਿਆ। ਦੂਜੇ ਸੈਮੀਫਾਈਨਲ ਮੈਚ ਵਿੱਚ, ਇੰਗਲੈਂਡ ਨੇ ਆਸਟ੍ਰੇਲੀਆ ਨੂੰ 27 ਦੌੜਾਂ ਨਾਲ ਹਰਾਇਆ।

ਭਾਰਤੀ ਟੀਮ ਹੁਣ ਤੱਕ ਟੂਰਨਾਮੈਂਟ ਵਿੱਚ ਸਾਰੇ ਮੈਚ ਜੀਤੀ ਏ। ਭਾਰਤ ਨੇ ਰਿਕਾਰਡ ਪੰਜ ਵਾਰ ਟਰਾਫੀ ਜਿੱਤੀ ਏ ।

---------------------------------------------------------------------------

- ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਵਲੋਂ ਅੱਜ ਨਵੀਂ ਦਿੱਲੀ ਵਿੱਚ ਭਾਰਤ ਦੇ ਪਹਿਲੇ ਸਹਿਕਾਰੀ ਰਾਈਡ-ਹੇਲਿੰਗ ਪਲੇਟਫਾਰਮ, ਭਾਰਤ ਟੈਕਸੀ ਦੀ ਸ਼ੁਰੂਆਤ।
- ਪੰਜਾਬ ਸਰਕਾਰ ਨੇ 9 ਸਰਕਾਰੀ ਆਈ.ਟੀ.ਆਈਜ਼ ਵਿੱਚ 'ਕੋਪਾ' ਕੋਰਸ ਲਈ, ਬੇਆਸਰਾ ਅਤੇ ਨੇਤਰਹੀਣ ਵਿਦਿਆਰਥੀਆਂ ਲਈ, 100 ਫੀਸਦੀ ਫੀਸ ਮੁਆਫੀ ਨੂੰ ਪ੍ਰਵਾਨਗੀ ਦਿੱਤੀ I
- ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਅਲਬਰਟਾ-ਪੰਜਾਬ ਆਰਥਿਕ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਚੰਡੀਗੜ੍ਹ 'ਚ ਕੈਨੇਡਾ ਦੇ ਉੱਚ ਪੱਧਰੀ ਵਫ਼ਦ ਨਾਲ ਮੁਲਾਕਾਤ- ਵਫ਼ਦ ਨੇ ਨਿਵੇਸ਼ ਅਤੇ ਤਕਨਾਲੋਜੀ ਬਾਰੇ ਚਰਚਾ ਕੀਤੀ I
- ਸਾਡੇ ਬਜ਼ੁਰਗ ਸਾਡਾ ਮਾਣ" ਮੁਹਿੰਮ ਤਹਿਤ ਸੂਬੇ ਭਰ ਵਿਚ ਵਿਚ ਬਜ਼ੁਰਗਾਂ ਲਈ ਸਿਹਤ ਜਾਂਚ ਕੈਂਪ ਦਾ ਸਿਲਸਿਲਾ ਜਾਰੀ I

- -ਦੁਨੀਆ ਦੀਆਂ ਪ੍ਰਮੁੱਖ ਪਲਾਸਟਿਕ ਪ੍ਰਦਰਸ਼ਨੀਆਂ ਵਿੱਚੋਂ ਇੱਕ, ਪਲਾਸਟ ਇੰਡੀਆ 2026, ਅੱਜ ਨਵੀਂ ਦਿੱਲੀ ਵਿੱਚ ਸ਼ੁਰੂ ਹੋਈ। ਅਤੇ
- ਅੱਜ ਮਹਿਲਾ ਪ੍ਰੀਮੀਅਰ ਕ੍ਰਿਕਟ ਲੀਗ ਦੇ ਫਾਈਨਲ ਵਿੱਚ ਦਿੱਲੀ ਕੈਪੀਟਲਜ਼ ਦਾ ਸਾਹਮਣਾ ਰਾਇਲ ਚੈਲੇਂਜਰਜ਼ ਬੰਗਲੁਰੂ ਨਾਲ ਹੋਵੇਗਾ।

***ਇਸਦੇ ਨਾਲ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ , ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 1 ਵੱਜਕੇ 10 ਮਿੰਟ 'ਤੇ***

***ਨਮਸਕਾਰ !***